# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 pm**

**ਮਿਤੀ: 06-05-2025**

- ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਮੱਦੇਨਜ਼ਰ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨਾਲ ਮੁਲਾਕਾਤ ਕੀਤੀ।
- ਕੇਂਦਰੀ ਗ੍ਰਹਿ ਸਕੱਤਰ ਗੋਵਿੰਦ ਮੋਹਨ ਨੇ ਅੱਜ ਵੀਡੀਓ-ਕਾਨਫਰੰਸਿੰਗ ਰਾਹੀਂ ਰਾਜਾਂ ਅਤੇ ਕੇਂਦਰ ਪ੍ਰਬੰਧਿਤ ਪ੍ਰਦੇਸ਼ਾਂ ਦੇ ਮੁੱਖ ਸਕੱਤਰਾਂ ਨਾਲ ਭਲਕੇ ਹੋਣ ਵਾਲੀ Civil DEFENCE Mock Drill ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ.
- ਪੰਜਾਬ ਨੂੰ ਨਸ਼ਾ ਮੁਕਤ ਕਰਨ ਸੰਬੰਧੀ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਸੂਬੇ ਭਰ 'ਚ ਨਸ਼ਾ ਮੁਕਤੀ ਯਾਤਰਾਵਾਂ ਸ਼ੁਰੂ ਹੋਣਗੀਆਂ.
- ਸਾਉਣੀ ਰੁਤ 2025 ਦੌਰਾਨ ਸੂਬੇ ਵਿੱਚ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਅਤੇ ਪੂਸਾ-44 ਬੀਜ ਦੀ ਵਿਕਰੀ ਤੇ ਬਿਜਾਈ 'ਤੇ ਪੂਰਨ ਪਾਬੰਦੀ ਲਾਈ ਗਈ ਏ.

- ਖੇਲੋ ਇੰਡੀਆ ਯੂਥ ਗੇਮਜ਼ 2025 ਦੇ ਤੀਜੇ ਦਿਨ, ਸਾਈਕਲਿੰਗ ਮੁਕਾਬਲੇ'ਚ ਕੁੜੀਆਂ ਦੇ ਵਰਗ 'ਚ ਰਾਜਸਥਾਨ ਦੀ ਹਰਸ਼ਿਤਾ ਜਾਖੜ ਨੇ ਅਤੇ ਮੁੰਡਿਆਂ ਦੇ ਵਰਗ 'ਚ ਮਹਾਰਾਸ਼ਟਰ ਦੇ ਸਿੱਧੇਸ਼ ਸਰਜੇਰਾਓ ਘੋਰਪੜੇ ਨੇ ਸੋਨੇ ਦਾ ਤਗਮਾ ਜਿੱਤਿਆ.

---------------------------------------------------------------------------------

ਪਹਿਲਗਾਮ ਦਹਿਸ਼ਤਗਰਦ ਹਮਲੇ ਤੋਂ ਬਾਅਦ ਉੱਚ ਪੱਧਰੀ ਮੀਟਿੰਗਾਂ ਦੀ ਇੱਕ ਲੜੀ ਵਿੱਚ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਆਪਣੀ ਸਰਕਾਰੀ ਰਿਹਾਇਸ਼ 'ਤੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨਾਲ ਮੁਲਾਕਾਤ ਕੀਤੀ। ਕੱਲ੍ਹ, ਪ੍ਰਧਾਨ ਮੰਤਰੀ ਨੇ, ਰੱਖਿਆ ਸਕੱਤਰ ਰਾਜੇਸ਼ ਕੁਮਾਰ ਸਿੰਘ ਨਾਲ ਮੁਲਾਕਾਤ ਕੀਤੀ ਸੀ। ਇਸ ਤੋਂ ਪਹਿਲਾਂ, ਹਵਾਈ ਫੌਜ ਦੇ ਮੁਖੀ ਏਅਰ ਚੀਫ ਮਾਰਸ਼ਲ ਅਮਰ ਪ੍ਰੀਤ ਸਿੰਘ ਨੇ ਵੀ ਸ੍ਰੀ ਮੋਦੀ ਨਾਲ ਮੁਲਾਕਾਤ ਕੀਤੀ। ਸਮੁੰਦਰੀ ਫੌਜ ਦੇ ਮੁਖੀ ਐਡਮਿਰਲ ਦਿਨੇਸ਼ ਕੇ ਤ੍ਰਿਪਾਠੀ ਅਤੇ ਫੌਜ ਮੁਖੀ ਜਨਰਲ ਉਪੇਂਦਰ ਦਿਵੇਦੀ ਨਾਲ ਵੀ ਵੱਖ-ਵੱਖ ਮੀਟਿੰਗਾਂ ਹੋਈਆਂ ਸਨ.

---------------------------------------------------------------------------------

ਕੇਂਦਰੀ ਗ੍ਰਹਿ ਸਕੱਤਰ ਗੋਵਿੰਦ ਮੋਹਨ ਨੇ ਅੱਜ ਵੀਡੀਓ-ਕਾਨਫਰੰਸਿੰਗ ਰਾਹੀਂ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਦੇ ਮੁੱਖ ਸਕੱਤਰਾਂ ਨਾਲ ਭਲਕੇ ਹੋਣ ਵਾਲੀ Civil DEFENCE Mock Drill ਦੀਆਂ ਤਿਆਰੀਆਂ ਦੀ

ਸਮੀਖਿਆ ਕਰਨ ਲਈ ਇੱਕ ਮੀਟਿੰਗ ਕੀਤੀ। ਮੀਟਿੰਗ ਵਿੱਚ, ਸਿਵਲ DEFENCE ਅਤੇ NDRF ਦੇ Director Generals ਸਮੇਤ ਹੋਰ ਸੀਨੀਅਰ ਅਧਿਕਾਰੀ ਸ਼ਾਮਲ ਹੋਏ। ਕੇਂਦਰ ਨੇ ਕੱਲ੍ਹ ਰਾਜਾਂ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ਾਂ ਨੂੰ ਸਿਵਲ ਰੱਖਿਆ ਤਿਆਰੀਆਂ ਦਾ ਮੁਲੰਕਣ ਕਰਨ ਲਈ, ਮੌਕ ਡ੍ਰਿਲ ਕਰਨ ਲਈ ਕਿਹਾ ਸੀ। ਦੇਸ਼ ਦੇ 244 ਸ਼੍ਰੇਣੀਬੱਧ ਸਿਵਲ ਰਖਿਆ ਜ਼ਿਲ੍ਹਿਆਂ ਵਿੱਚ ਸਿਵਲ ਰੱਖਿਆ ਅਭਿਆਸ ਅਤੇ ਰਿਹਰਸਲ ਕਰਨ ਦਾ ਫੈਸਲਾ ਕੀਤਾ ਗਿਆ ਏ। ਇਸ ਅਭਿਆਸ ਦੀ ਯੋਜਨਾ ਪਿੰਡ ਪੱਧਰ ਤੱਕ ਬਣਾਈ ਗਈ ਏ।

**ਪੇਸ਼ ਏ ਇੱਕ ਰਿਪੋਰਟ** :

ਇਸ ਦੌਰਾਨ ਜਲੰਧਰ ਛਾਉਣੀ 'ਚ ,MOCK DRILL ਦੇ ਹਿੱਸੇ ਵਜੋਂ ਰਾਤ 8 ਵਜੇ ਤੋਂ 9 ਵਜੇ ਤਕ BLACKOUT ਕੀਤਾ ਜਾਏਗਾ .

---------------------------------------------------------------------------------

ਅੱਜ ਵਿਸ਼ਵ ਦਮਾ ਦਿਵਸ ਏ। ਇਹ ਦਿਨ ਹਰ ਸਾਲ ਮਈ ਮਹੀਨੇ ਦੇ ਪਹਿਲੇ ਮੰਗਲਵਾਰ ਨੂੰ ਮਨਾਇਆ ਜਾਂਦਾ ਏ। ਇਸ ਦਿਨ ਦਾ ਉਦੇਸ਼ ਦਮੇ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇਸਦੇ ਲੱਛਣਾਂ, ਰੋਕਥਾਮ ਅਤੇ ਇਲਾਜ ਬਾਰੇ ਜਾਣਕਾਰੀ ਪ੍ਰਦਾਨ ਕਰਨਾ ਏ । **ਇੱਕ ਰਿਪੋਰਟ:**

*ਵਿਸ਼ਵ ਦਮਾ ਦਿਵਸ ਪਹਿਲੀ ਵਾਰ Global Initiative for Asthma organisation ਵਲੋਂ 1998 ਵਿੱਚ ਮਨਾਇਆ ਗਿਆ ਸੀ। ਇਸ ਸਾਲ ਦਾ ਵਿਸ਼ਾ ਏ: "Make inhaled treatments accessible for all"। ਇਹ ਵਿਸ਼ਾ ਦਮੇ ਦੇ ਰੋਗੀਆਂ ਨੂੰ ਸਾਹ ਰਾਹੀਂ ਲਈਆਂ ਜਾਣ ਵਾਲੀਆਂ ਦਵਾਈਆਂ ਤੱਕ ਪਹੁੰਚ ਨੂੰ ਯਕੀਨੀ ਬਣਾਉਣ ਦੀ ਮਹੱਤਤਾ 'ਤੇ ਜ਼ੋਰ ਦਿੰਦਾ ਏ, ਜੋ ਬਿਮਾਰੀ ਨੂੰ ਕੰਟਰੋਲ ਕਰਨ ਅਤੇ ਇਸਦੇ ਇਲਾਜ ਦੋਵਾਂ ਲਈ ਜ਼ਰੂਰੀ ਨੇ। ਵਿਸ਼ਵ ਸਿਹਤ ਸੰਗਠਨ ਦੀ ਇੱਕ ਰਿਪੋਰਟ ਅਨੁਸਾਰ, ਦੁਨੀਆ ਭਰ ਵਿੱਚ ਕਰੀਬ 25 ਕਰੋੜ ਤੋਂ ਵੱਧ ਲੋਕ ਦਮੇ ਤੋਂ ਪੀੜ੍ਹਿਤ ਨੇ। ਦਮਾ ਇੱਕ ਗੰਭੀਰ ਅਤੇ ਲੰਮੇ ਸਮੇਂ ਤੱਕ ਰਹਿਣ ਵਾਲੀ ਬਿਮਾਰੀ ਏ, ਜੋ ਸਾਹ ਪ੍ਰਣਾਲੀ ਨੂੰ ਪ੍ਰਭਾਵਿਤ ਕਰਦੀ ਏ, ਪਰ ਠੀਕ ਇਲਾਜ ਅਤੇ Inhalator ਦੀ ਪਹੁੰਚ ਨਾਲ ਇਸ ਨੂੰ ਕੰਟਰੋਲ ਕੀਤਾ ਜਾ ਸਕਦਾ ਏ।*

***ਜਲੰਧਰ ਤੋਂ ਆਕਾਸ਼ਵਾਣੀ ਖਬਰਾਂ ਲਈ ਮੈਂ ਕਾਜਲ***

**ਇੱਕ ਰਿਪੋਰਟ:**ਪੰਜਾਬ ਸਰਕਾਰ ਸੂਬੇ ਨੂੰ ਨਸ਼ਾ ਮੁਕਤ ਕਰਨ ਕਰਕੇ ਰੰਗਲਾ ਪੰਜਾਬ ਬਣਾਉਣ ਲਈ ਹਰ ਸੰਭਵ ਉਪਰਾਲਾ ਕਰ ਰਹੀ ਏ। ਇਸ ਤਹਿਤ ਜਿਥੇ ਰਾਜ ਵਿੱਚ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਚਲਾਈ ਗਈ ਏ, ਉਥੇ ਹੀ ਅੱਜ ਤੋਂ ਹਰੇਕ ਜ਼ਿਲੇ ਦੇ ਹਰੇਕ ਹਲਕੇ ‘ਚ ਤਿੰਨ-ਤਿੰਨ ਪਿੰਡਾਂ ਵਿਚ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕਰਨ, ਨਸ਼ਾ ਛੱਡ ਚੁੱਕੇ ਲੋਕਾਂ ਦੇ ਮੁੜ੍ਹਵਸੇਬੇ ਅਤੇ ਲੋਕਾਂ ਨੂੰ ਨਸ਼ਿਆਂ ਦੇ ਕਾਰੋਬਾਰੀਆਂ ਖਿਲਾਫ਼ ਅਵਾਜ਼ ਉਠਾਉਣ ਲਈ ਜਾਗਰੂਕ ਕਰਨ ਦੇ ਮਕਸਦ ਨਾਲ ਪਿੰਡਾਂ ਵਿਚ ਨਸ਼ਾ ਮੁਕਤੀ ਯਾਤਰਾਵਾਂ ਸ਼ੁਰੂ ਹੋਣਗੀਆਂ ਤੇ ਇਨ੍ਹਾਂ ਪਿੰਡਾਂ ਵਿੱਚ ਗ੍ਰਾਮ ਸਭਾਵਾਂ ਵੀ ਕਰਾਈਆਂ ਜਾਣਗੀਆਂ. ਇਹ ਜਾਣਕਾਰੀ ਫਰੀਦ ਕੋਟ ਦੇ ਡਿਪਟੀ ਕਮਿਸ਼ਨਰ ਪੂਨਮਦੀਪ ਕੋਰ ਨੇ ਦਿੱਤੀ । ਓਹਨਾਂ ਦੱਸਿਆ ਕਿ ਇਨ੍ਹਾਂ ਨਸ਼ਾ ਮੁਕਤੀ ਯਾਤਰਾਵਾਂ ਵਿੱਚ ਜਿਲ੍ਹੇ ਦੇ 3 ਵਿਧਾਨ ਸਭਾ ਹਲਕਿਆਂ ਅੰਦਰ ਪੈਂਦੇ 3-3 ਪਿੰਡਾਂ ਵਿੱਚ ਰੋਜ਼ਾਨਾ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਪ੍ਰਤੀ ਜਾਗਰੂਕ ਕੀਤਾ ਜਾਵੇਗਾ ਤਾਂ ਜੋ ਸੂਬੇ ਵਿੱਚੋਂ ਨਸ਼ੇ ਦੇ ਘੁਣ ਨੂੰ ਜੜ੍ਹੋਂ ਖਤਮ ਕੀਤਾ ਜਾ

ਸਕੇ। ਉਨ੍ਹਾਂ ਦੱਸਿਆ ਕਿ ਨਸ਼ਾ ਮੁਕਤੀ ਯਾਤਰਾ ਤਹਿਤ ਹਰੇਕ ਪਿੰਡ ਵਿੱਚ ਗ੍ਰਾਮ ਸਭਾ ਬੁਲਾ ਕੇ ਅਤੇ ਜਿਲ੍ਹਾ ਸੁਰੱਖਿਆ ਕਮੇਟੀਆਂ ਤੋਂ ਇਲਾਵਾ ਸਮੂਹ ਪਿੰਡ ਵਾਸੀਆਂ ਨੂੰ ਇਸ ਮੁਹਿੰਮ ਦਾ ਹਿੱਸਾ ਬਣਾਇਆ ਜਾਵੇਗਾ ਤੇ ਸਬੰਧਤ ਹਲਕਾ ਵਿਧਾਇਕ, ਸਿਹਤ ਵਿਭਾਗ, ਪੰਚਾਇਤ ਵਿਭਾਗ, ਸਹਿਕਾਰਤਾ ਵਿਭਾਗ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਾਹਿਰਾਂ ਵੱਲੋਂ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸਬੰਧੀ ਪਿੰਡ ਵਾਸੀਆਂ ਨੂੰ ਜਾਗਰੂਕ ਕੀਤਾ ਜਾਵੇਗਾ  ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸਮਾਗਮਾਂ ਵਿੱਚ ਵੱਧ ਤੋਂ ਵੱਧ ਸ਼ਿਰਕਤ ਕਰਕੇ ਇਸ ਮੁਹਿੰਮ ਨੂੰ ਸਫਲ ਬਣਾਉਣ।

---

ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ, ਪੰਜਾਬ ਭਰ ਵਿਚ ਜਾਗਰੂਕਤਾ ਯਤਨ ਕੀਤੇ ਜਾ ਰਹੇ ਨੇ. ਇਸੇ ਤਹਿਤ ਪੰਜਾਬ ਪੁਲਿਸ ਦੇ ਸਪੈਸ਼ਲ ਡੀਜੀਪੀ, ਸ਼ਸ਼ੀ ਪ੍ਰਭਾ ਦ੍ਵਿਵੇਦੀ ਨੇ ਅਮ੍ਰਿਤਸਰ ਦੇ ਡੀਏਵੀ ਸਕੂਲ ਚ ਇਲਾਕਾ ਵਾਸੀਆਂ ਅਤੇ ਸਕੂਲ ਦੇ ਵਿਦਿਆਰਥੀਆਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕੀਤਾ ਅਤੇ ਓਹਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ. ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀਜੀਪੀ ਸਪੈਸ਼ਲ ਸ਼ਸ਼ੀ ਪ੍ਰਭਾ ਦ੍ਵਿਵੇਦੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਮੁਹਿਮ ਯੁੱਧ ਨਸ਼ਿਆਂ ਵਿਰੁੱਧ ਨੂੰ ਪੂਰੇ ਪੰਜਾਬ ਚੋਂ ਭਰਵਾਂ ਹੁੰਗਾਰਾ ਮਿਲ ਰਿਹਾ ਏ

ਅਤੇ ਹੁਣ ਵੱਖ-ਵੱਖ ਸਕੂਲਾਂ ਵਿੱਚ ਜਾ ਕੇ ਵਿਦਿਆਰਥੀਆਂ ਨੂੰ ਨਸ਼ਿਆਂ ਪ੍ਰਤੀ ਜਾਗਰੂਕ ਕੀਤਾ ਜਾ ਰਿਹਾ ਏ.- BYTE –

---

ਪੰਜਾਬ ਸਰਕਾਰ ਦੀ ਪਹਿਲਕਦਮੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਅੱਜ ਜਲੰਧਰ ਜ਼ਿਲ੍ਹੇ ਦੇ 15 ਹੋਰ ਸਰਕਾਰੀ ਸਕੂਲਾਂ ਵਿੱਚ 85 ਲੱਖ ਰੁਪਏ ਤੋਂ ਵਧ ਦੀ ਲਾਗਤ ਵਾਲੇ ਵਿਕਾਸ ਕਾਰਜ ਸਮਰਪਿਤ ਕੀਤੇ ਗਏ। ਇਨ੍ਹਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲਾਂ ਵਿਚਲੇ 31 ਲੱਖ ਅਤੇ ਹਾਈ ਤੇ ਸੀਨੀਅਰ ਸੈਕੰਡਰੀ ਸਕੂਲਾਂ ਵਿਚਲੇ 54. ਲੱਖ ਰੁਪਏ ਤੋਂ ਵਧ ਦੇ ਵਿਕਾਸ ਕਾਰਜ ਸ਼ਾਮਿਲ ਨੇ.

---

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਦੇ ਦਿਸ਼ਾ- ਨਿਰਦੇਸ਼ਾਂ ਤਹਿਤ ਸਾਉਣੀ-2025 ਦੌਰਾਨ ਸੂਬੇ ਵਿੱਚ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਅਤੇ ਪੂਸਾ-44 ਬੀਜ ਦੀ ਵਿਕਰੀ ਤੇ ਬਿਜਾਈ 'ਤੇ ਪੂਰਨ ਪਾਬੰਦੀ ਲਾਈ ਗਈ ਏ. ਸ੍ਰੀ ਮੁਕਤਸਰ ਸਾਹਿਬ ਦੇ ਮੁੱਖ ਖੇਤੀਬਾੜੀ ਅਫ਼ਸਰ, ਡਾ. ਕਰਨਜੀਤ ਸਿੰਘ ਗਿੱਲ ਨੇ ਦਸਿਆ ਕਿ ਜ਼ਿਲ੍ਹੇ ਵਿੱਚ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਅਤੇ ਪੂਸਾ-44 ਬੀਜ ਦੀ ਵਿਕਰੀ ਰੋਕਣ ਲਈ ਜ਼ਿਲ੍ਹਾ ਪੱਧਰੀ ਅਤੇ ਬਲਾਕ ਪੱਧਰੀ ਟੀਮਾਂ ਦਾ ਗਠਨ ਕੀਤਾ ਗਿਆ ਏ, ਜੋ ਕਿ ਜ਼ਿਲ੍ਹੇ ਅਧੀਨ ਬੀਜ ਫਰਮਾਂ ਦੀ ਚੈਕਿੰਗ ਕਰ ਰਹੀਆਂ ਨੇ. ਇਸ

ਸਬੰਧੀ ਜਾਣਕਾਰੀ ਦਿੱਤੀ ਗਈ ਕਿ ਹਾਈਬ੍ਰਿਡ ਕਿਸਮਾਂ ਦੀ ਜਿਨਸ ਵਿੱਚ ਐਫ.ਸੀ.ਆਈ ਵੱਲੋਂ ਤੈਅ ਮਾਪਦੰਡਾਂ ਦੇ ਮੁਕਾਬਲੇ ਜ਼ਿਆਦਾ ਟੋਟਾ ਆਉਂਦਾ ਏ, ਜਿਸ ਕਾਰਨ ਕਿਸਾਨਾਂ ਨੂੰ ਮੰਡੀ ਵਿੱਚ ਘੱਟ ਭਾਅ ਮਿਲਦਾ ਏ ਅਤੇ ਪਰੇਸ਼ਾਨੀ ਜ਼ਿਆਦਾ ਹੁੰਦੀ ਏ। ਜਦਕਿ ਪੂਸਾ-44 ਪੱਕਣ ਵਿੱਚ ਵੱਧ ਸਮਾਂ ਲੈਂਦੀ ਏ, ਜਿਸ ਨਾਲ ਪਾਣੀ ਦੀ ਖਪਤ ਵਧੇਰੇ ਹੁੰਦੀ ਏ ਅਤੇ ਕਟਾਈ ਉਪਰੰਤ ਪਰਾਲ ਵੀ ਜਿਆਦਾ ਛੱਡਦੀ ਏ। ਪੂਸਾ-44 ਕਿਸਮ ਦੇ ਖੇਤਾਂ ਵਿੱਚ ਝੁਲਸ ਰੋਗ ਅਤੇ ਕੀੜੇ-ਮਕੌੜਿਆਂ ਦਾ ਵੱਧ ਹਮਲਾ ਦੇਖਣ ਨੂੰ ਮਿਲਦਾ ਏ। ਬੀਜ ਵੇਚਣ ਵਾਲਿਆਂ ਨੂੰ ਹਦਾਇਤ ਕੀਤੀ ਜਾਂਦੀ ਏ ਕਿ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਅਤੇ ਪੂਸਾ-44 ਦੇ ਬੀਜਾਂ ਦੀ ਵਿਕਰੀ ਨਾ ਕੀਤੀ ਜਾਵੇ। ਜੇਕਰ ਕੋਈ ਵੀ ਡੀਲਰ ਇਸ ਦੀ ਉਲੰਘਣਾ ਕਰਦਾ ਏ ਤਾਂ ਉਸ ਖਿਲਾਫ਼ ਬੀਜ ਕਾਨੂੰਨ ਤਹਿਤ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਸ੍ਰੀ ਮੁਕਤਸਰ ਸਾਹਿਬ

---

ਖੇਲੋ ਇੰਡੀਆ ਯੂਥ ਗੇਮਜ਼ 2025 ਦੇ ਤੀਜੇ ਦਿਨ, ਨਵੀਂ ਦਿੱਲੀ ਦੇ ਇੰਦਰਾ ਗਾਂਧੀ ਸਟੇਡੀਅਮ ਵਿਖੇ ਸਾਈਕਲਿੰਗ ਮੁਕਾਬਲੇ ਸ਼ੁਰੂ ਹੋਏ। ਕੁੜੀਆਂ ਦੀ ਸਾਢੇ 7 ਕਿਲੋਮੀਟਰ ਸਕ੍ਰੈਚ ਦੌੜ ਵਿੱਚ, ਰਾਜਸਥਾਨ ਦੀ

ਹਰਸ਼ਿਤਾ ਜਾਖੜ ਨੇ ਸੋਨੇ ਦਾ ਤਗਮਾ ਜਿੱਤਿਆ। ਮੁੰਡਿਆਂ ਦੀ 10 ਕਿਲੋਮੀਟਰ ਸਕ੍ਰੈਚ ਦੌੜ ਵਿੱਚ, ਮਹਾਰਾਸ਼ਟਰ ਦੇ ਸਿੱਧੇਸ਼ ਸਰਜੇਰਾਓ ਘੋਰਪੜੇ ਨੇ ਸੋਨੇ ਦਾ ਤਗਮਾ ਜਿੱਤਿਆ. ਇਸ ਦੌਰਾਨ, ਨਿਸ਼ਾਨੇਬਾਜ਼ੀ ਮੁਕਾਬਲੇ ਡਾ. ਕਰਨੀ ਸਿੰਘ ਸ਼ੂਟਿੰਗ ਰੇਂਜ ਵਿਖੇ ਕਰਾਏ ਗਏ. ਔਰਤਾਂ ਦੇ 50 ਮੀਟਰ ਰਾਈਫਲ 3 ਪੋਜੀਸ਼ਨ ਯੁਵਾ ਵਰਗ ਵਿੱਚ, ਪ੍ਰਾਚੀ ਸ਼ਸ਼ੀਕਾਂਤ ਗਾਇਕਵਾੜ ਨੇ 458.4 ਅੰਕਾਂ ਦੇ ਸਕੋਰ ਨਾਲ ਸੋਨੇ ਦਾ ਤਗਮਾ ਜਿੱਤਿਆ.  ਪੰਜਾਬ ਨੇ ਕੱਲ੍ਹ ਜੂਡੋ ਮੁਕਾਬਲੇ ਵਿੱਚ, ਕਾਂਸੀ ਦਾ ਤਮਗਾ ਜਿੱਤ ਕੇ, ਖੇਡਾਂ 'ਚ ਆਪਣਾ ਖਾਤਾ ਖੋਲਿਆ. ਖੇਲੋ ਇੰਡੀਆ ਯੂਥ ਗੇਮਜ਼ ਦੇ ਇਸ ਐਡੀਸ਼ਨ ਵਿੱਚ, ਨਿਸ਼ਾਨੇਬਾਜ਼ੀ, ਸਾਈਕਲਿੰਗ ਅਤੇ ਜਿਮਨਾਸਟਿਕ ਦੇ ਮੁਕਾਬਲੇ ਰਾਸ਼ਟਰੀ ਰਾਜਧਾਨੀ'ਚ ਹੋ ਰਹੇ ਨੇ, ਜਦੋਂ ਕਿ ਹੋਰ ਸਾਰੇ ਮੁਕਾਬਲੇ ਬਿਹਾਰ ਵਿੱਚ ਕਰਾਏ ਜਾ ਰਹੇ ਨੇ.

---

- ਪਹਿਲਗਾਮ ਦਹਿਸ਼ਤਗਰਦ ਹਮਲੇ ਦੇ ਮੱਦੇਨਜ਼ਰ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿਖੇ ਰਾਸ਼ਟਰੀ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਨਾਲ ਮੁਲਾਕਾਤ ਕੀਤੀ।
- ਕੇਂਦਰੀ ਗ੍ਰਿਹ ਸਕੱਤਰ ਗੋਵਿੰਦ ਮੋਹਨ ਨੇ ਅੱਜ ਵੀਡੀਓ-ਕਾਨਫਰੰਸਿੰਗ ਰਾਹੀਂ ਰਾਜਾਂ ਅਤੇ ਕੇਂਦਰ ਪ੍ਰਬੰਧਿਤ ਪ੍ਰਦੇਸ਼ਾਂ ਦੇ ਮੁੱਖ

ਸਕੱਤਰਾਂ ਨਾਲ ਭਲਕੇ ਹੋਣ ਵਾਲੀ Civil DEFENCE Mock Drill ਦੀਆਂ ਤਿਆਰੀਆਂ ਦੀ ਸਮੀਖਿਆ ਕੀਤੀ.

- ਪੰਜਾਬ ਨੂੰ ਨਸ਼ਾ ਮੁਕਤ ਕਰਨ ਸੰਬੰਧੀ ਕੀਤੇ ਜਾ ਰਹੇ ਉਪਰਾਲਿਆਂ ਤਹਿਤ ਸੂਬੇ ਭਰ 'ਚ ਨਸ਼ਾ ਮੁਕਤੀ ਯਾਤਰਾਵਾਂ ਸ਼ੁਰੂ ਹੋਣਗੀਆਂ.
- ਸਾਉਣੀ ਰੁਤ 2025 ਦੌਰਾਨ ਸੂਬੇ ਵਿੱਚ ਝੋਨੇ ਦੀਆਂ ਹਾਈਬ੍ਰਿਡ ਕਿਸਮਾਂ ਅਤੇ ਪੂਸਾ-44 ਬੀਜ ਦੀ ਵਿਕਰੀ ਤੇ ਬਿਜਾਈ 'ਤੇ ਪੂਰਨ ਪਾਬੰਦੀ ਲਾਈ ਗਈ ਏ.
- ਖੇਲੋ ਇੰਡੀਆ ਯੂਥ ਗੇਮਜ਼ 2025 ਦੇ ਤੀਜੇ ਦਿਨ, ਸਾਈਕਲਿੰਗ ਮੁਕਾਬਲੇ'ਚ ਕੁੜੀਆਂ ਦੇ ਵਰਗ 'ਚ ਰਾਜਸਥਾਨ ਦੀ ਹਰਸ਼ਿਤਾ ਜਾਖੜ ਨੇ ਅਤੇ ਮੁੰਡਿਆਂ ਦੇ ਵਰਗ 'ਚ ਮਹਾਰਾਸ਼ਟਰ ਦੇ ਸਿੱਧੇਸ਼ ਸਰਜੇਰਾਓ ਘੋਰਪੜੇ ਨੇ ਸੋਨੇ ਦਾ ਤਗਮਾ ਜਿੱਤਿਆ.